ਪੰਜਾਬ ਸਰਕਾਰ

ਸਥਾਨਕ ਸਰਕਾਰ, ਵਿਭਾਗ

(ਲੇਖਾ ਸਾਖਾ)

ਸੇਵਾ ਵਿਖੇ,

ਕਾਰਜ ਸਾਧਕ ਅਫਸਰ,
ਨਗਰ ਕੌਂਸਲ, ਖਰੜ।

ਨੰ: ਲੇਖਾ-6-ਉਕਵਲ-ਡਸਸ-14/26502
ਮਿਤੀ: 11-07-14

ਵਿਸ਼ਾ:- ਨਗਰ ਕੌਂਸਲ, ਖਰੜ ਦਾ ਬਜਟ ਅਨੁਮਾਨ ਸਾਲ 2014-15 ਸੰਬਧੀ।

********

ਉਪਰੋਕਤ ਵਿਸੇ ਦੇ ਹਵਾਲੇ ਵਿੱਚ।

2. ਉਕਤ ਸਥਾਨਕ ਸੰਸਥਾ ਦਾ ਬਜਟ ਅਨੁਮਾਨ ਸਾਲ 2014-15 ਇਸ ਵਿਭਾਗ ਵਿਖੇ ਪ੍ਰਵਾਨਗੀ ਲਈ ਪ੍ਰਾਪਤ ਹੋਇਆ ਹੈ। ਸਥਾਨਕ ਸੰਸਥਾਂ ਵਲੋਂ ਸਾਲ 2014-15 ਲਈ ਅਸਲ ਆਮਦਨ ਅਤੇ ਖਰਚਾ ਹੇਠ ਅਨੁਸਾਰ ਦਰਸਾਇਆ ਗਿਆ ਹੈ :-

ਬਜਟ ਐਸਟੀਮੇਟ (2014-15) (ਰਕਮ ਲੱਖਾਂ ਵਿੱਚ)

| ਆਮਦਨ | ਵਿਭਾਗ ਦੀ ਤਜਵੀਜ |
|---|---|
| ਮਿਤੀ 01/04/2014 ਨੂੰ ਮੁੱਢਲਾ ਬਕਾਇਆ (ਕੈਸ਼ ਬੁੱਕ ਅਨੁਸਾਰ) | 91.19 |
| ਸਾਲ 2014-15 ਲਈ ਆਮਦਨ | 4270.68 |
| **ਕੁਲ** | **4361.87** |
| **ਖਰਚਾ** | |
| ੳ) ਅਮਲਾ : (I) ਕੇਵਲ ਮੌਜੂਦਾ ਪੋਸਟਾ ਅਤੇ ਏਰੀਅਰ ਲਈ<br>(II) ਪੈਨਸਨ ਕੰਟਰੀਬਿਊਸਨ / ਰਿਟਾਇਰਮੈਂਟ ਬੈਨੀਫਿੱਟ | 1034.07 |
| ਅ) ਕੰਟੀਜੈਸੀ: | 73.50 |
| ੲ) ਵਿਕਾਸ ਦੇ ਕੰਮਾਂ ਲਈ: ਕਮਿਟਡ : 1122.72<br>ਨਾਨ ਕਮਿਟਡ : 2065.00 | 3187.72 |
| **ਕੁਲ** | **4295.29** |
| ਮਿਤੀ 31/3/2015 ਲਈ ਅੰਤਿਮ ਬਕਾਇਆ | 66.58 |
| **ਕੁਲ** | **4361.87** |

<u>ਆਮਦਨ-</u> ਇਸ ਮੱਦ ਅਧੀਨ ਸਾਲ 2014-15 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦੀ ਕੁੱਲ ਆਮਦਨ 4270.68 ਲੱਖ ਰੁਪਏ ਪ੍ਰਵਾਨ ਕੀਤੀ ਜਾਂਦੀ ਹੈ -

| ਲੜੀ ਨੰ | ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|---|
| 1 | ਹਾਊਸ ਟੈਕਸ/ਪ੍ਰਾਪਰਟੀ ਟੈਕਸ | 200.00 |
| 2 | ਵੈਟ | 711.01 |
| 3 | ਬਿਜਲੀ ਤੋ ਚੂੰਗੀ | 90.00 |
| 4 | ਐਕਸਾਈਜ ਡਿਊਟੀ | 43.67 |
| 5 | ਵਾਟਰ/ਸੀਵਰੇਜ | 140.00 |
| 6 | ਬਿਲਡਿੰਗ ਐਪਲੀਕੇਸਨ ਫੀਸ | 3000.00 |
| 7 | ਲਾਇਸੰਸ ਫੀਸ | 1.00 |
| 8 | ਤਹਿਬਜਾਰੀ/ਕਿਰਾਇਆ | 4.50 |
| 9 | ਅਦਰਜ | 80.50 |
| | **ਕੁਲ ਜੋੜ** | **4270.68** |

<u>ਖਰਚਾ:</u>

<u>ਅਮਲਾ:</u> ਅਮਲਾ ਹੈਡ ਅਧੀਨ 1034.07 ਲੱਖ ਰੁਪਏ ਪ੍ਰਵਾਨ ਕੀਤੇ ਜਾਂਦੇ ਹਨ। ਬਜਟ ਵਿੱਚ ਖਾਲੀ ਪੋਸਟਾਂ ਦਾ ਖਰਚਾ ਪ੍ਰਵਾਨ ਨਹੀਂ ਕੀਤਾ ਗਿਆ ਹੈ ਜਦੋਂ ਅਸਾਮੀਆਂ ਦੀ ਭਰਤੀ ਕੀਤੀ ਜਾਵੇਗੀ ਉਸ ਸਮੇਂ ਖਰਚਾ ਪ੍ਰਵਾਨ ਕਰਵਾ ਲਿਆ ਜਾ ਇਸ ਮੱਦ ਅਧੀਨ ਪ੍ਰਵਾਨ ਹੋਇਆ ਖਰਚਾ ਕੇਵਲ ਮੌਜੂਦਾ ਪੋਸਟਾ ਲਈ, ਪੈਨਸਨ ਕੰਟਰੀਬਿਊਸ਼ਨ ਲਈ ਵਰਤਿਆ ਅਫਸਰ, ...8.00 ਲੱਖ ਇਸ ਤੋ ਇਲਾਵਾ ਜੇਕਰ ਸਰਕਾਰ ਨਗਰ ਕੌਂਸਲ ਨੂੰ ਕੋਈ ਨਵੀਂ ਪੋਸਟ ਦੀ ਪ੍ਰਵਾਨਗੀ ਦਿੰਦੀ ਹੈ ਤਾਂ

ਅਨੁਮਾਨਾਂ, ਨਾਲ ਨਗਰ ਕੋਸਲ ਵਲੋਂ ਪਾਸ ਮਤਾ/ਸਰਕਾਰ ਵਲੋਂ ਪਾਸ ਮਤਾ/ਪੂਰਾ ਪੋਸਟਾਂ ਦਾ ਵੇਰਵਾ ਸਮੇਤ ਸਕੇਲ ਅਤੇ ਮਿਲਣ ਵਾਲੇ ਭੱਤਿਆਂ ਨੂੰ ਮਿਲਾ ਕੇ ਸਾਲ 2014-15 ਦੌਰਾਨ ਦੇਣ ਵਾਲੀ ਤਨਖਾਹ ਦਾ ਤਖਮੀਨਾ ਭੇਜਿਆ ਜਾਵੇ। ਕੋਈ ਵੀ ਅਸਾਮੀ ਬਿਨਾਂ ਪੂਰਵ ਪ੍ਰਵਾਨਗੀ ਤੋ ਆਪਣੇ ਪੱਧਰ ਤੇ ਨਾ ਭਰੀ ਜਾਵੇ। ਲੰਬਿਤ ਦੇਣਦਾਰੀਆਂ ਪਹਿਲ ਦੇ ਆਧਾਰ ਤੇ ਅਦਾ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

<u>ਕੰਟੀਜੈਂਸੀ:-</u> ਇਸ ਮੱਦ ਅਧੀਨ ਸਾਲ 2014-15 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦਾ ਕੁਲ ਖਰਚਾ 73.50 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਲੜੀ ਨੰ | ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|---|
| 1 | ਸਟੇਸਨਰੀ | 12.00 |
| 2 | ਪੈਟਰੋਲ /ਗੱਡੀਆਂ ਦਾ ਰੱਖ ਰਖਾਵ | 52.00 |
| 3 | ਕੰਪਿਊਟਰ | 1.00 |
| 4 | ਟੈਲੀਫੋਨ | 0.50 |
| 5 | ਅਦਰਜ | 8.00 |
| | ਕੁਲ ਜੋੜ | **73.50** |

<u>ਵਿਕਾਸ:-</u> ਇਸ ਮੱਦ ਅਧੀਨ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ (ਕਮਿਟਡ ਅਤੇ ਨਾਨ ਕਮਿਟਡ) ਲਈ ਕੁਲ ਖਰਚਾ 3187.72 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਲੜੀ ਨੰ | ਹੈਡ ਦਾ ਨਾਮ (ਕਮਿਟਡ) | ਵਿਭਾਗ ਦੀ ਪ੍ਰਵਾਨਗੀ |
|---|---|---|
| 1. | ਬਿਜਲੀ ਦੇ ਬਿੱਲ | 600.00 |
| 2. | ਵਾਟਰ ਸਪਲਾਈ/ਸੀਵਰੇਜ ਦਾ ਰੱਖ ਰਖਾਵ | 300.00 |
| 3. | ਬਿਜਲੀ ਦੇ ਰੱਖ ਰਖਾਵ | 200.00 |
| 4. | ਫੁਟਕਲ | 22.72 |
| | ਜੋੜ | **1122.72** |
| | ਨਾਨ ਕਮਿਟਡ | |
| 1. | ਸੜਕਾਂ ਦੀ ਉਸਾਰੀ | 400.00 |
| 2 | ਪੁਰਾਣੀਆਂ ਸੜਕਾਂ ਦੀ ਰਿਪੇਅਰ | 100.00 |
| 3. | ਨਵੀਂਆਂ ਨਾਲੀਆਂ ਦੀ ਉਸਾਰੀ | 100.00 |
| 4. | ਪੁਰਾਣੀਆਂ ਗਲੀਆਂ ਦੀ ਰਿਪੇਅਰ | 100.00 |
| 5. | ਨਵੀਂ ਸੀਵਰੇਜ ਲਈ | 150.00 |
| 6. | ਗਲੀਆਂ ਦੀ ਉਸਾਰੀ | 100.00 |
| 7. | ਸਲੱਮਜ ਦੇ ਸੁਧਾਰ ਲਈ | 400.00 |
| 8. | ਮਸ਼ੀਨਰੀ ਦੀ ਖਰੀਦ | 50.00 |
| 9. | ਪਾਰਕਾਂ ਲਈ | 30.00 |
| 10. | ਕਮਿਊਨਟੀ ਸੈਂਟਰ | 10.00 |
| 11. | ਮਿਉਂਸਪਲ ਸਟੇਡੀਅਮ | 25.00 |
| 12. | ਦਫਤਰੀ ਬਿਲਡਿੰਗ | 500.00 |
| 13. | ਫਾਇਰ ਸਟੇਸਨ | 50.00 |
| 14. | ਨਾਈਟ ਸ਼ੈਲਟਰ | 20.00 |
| 15. | ਸਿਟੀ ਬੱਸ ਸਰਵਿਸ | 10.00 |
| 16. | ਮਿਉਂਸਪਲ ਭਵਨ ਲਈ | 20.00 |
| | ਜੋੜ | **2065.00** |

ਮਿਤੀ 31/3/2015 ਲਈ ਅੰਤਮ ਬਕਾਇਆ ਰੁਪਏ 66.58 ਲੱਖ ਰੁਪਏ ਨਿਸਚਿਤ ਗਿਆ ਹੈ। ਕਾਰਜ ਸਾਧਕ ਅਫਸਰ, ਨਗਰ ਕੌਂਸਲ, ਖਰੜ ਨੂੰ ਲਿਖਿਆ ਜਾਂਦਾ ਹੈ ਕਿ ਸਾਲ 2014-15 ਲਈ ਨਿਸਚਿਤ ਕੀਤੀ ਗਈ ਆਮਦਨ ਦੇ ਟੀਚੇ ਨੂੰ ਹਰ ਹਾਲਤ ਵਿੱਚ ਪ੍ਰਾਪਤ ਕੀਤਾ ਜਾਵੇ ਅਤੇ ਪ੍ਰਵਾਨਤ ਖਰਚੇ ਨੂੰ ਪ੍ਰਾਪਤ ਹੋਣ ਵਾਲੀ ਆਮਦਨ ਦੇ ਸਨਮੁੱਖ ਕੀਤਾ ਜਾਵੇ । ਸਾਲ ਦੇ ਅੰਤ ਤੇ ਤਜਵੀਜਤ ਬਕਾਏ ਨੂੰ ਬਰਕਰਾਰ ਰਖਿਆ ਜਾਵੇ । ਇਸ ਤੋਂ ਇਲਾਵਾ ਕਾਰਜ ਸਾਧਕ ਅਫਸਰ, ਨਗਰ ਕੌਂਸਲ, ਖਰੜ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਹਾਊਸ ਟੈਕਸ ਅਧੀਨ ਪਿਛਲੇ ਸਾਲਾਂ ਦਾ 48.00 ਲੱਖ

ਰੁਪਏ, ਪਾਣੀ ਦਾ 53.82 ਲੱਖ ਅਤੇ ਸੀਵਰੇਜ ਦਾ 15.88 ਲੱਖ ਰੁਪਏ ਦਾ ਜੋ ਬਕਾਇਆ ਖੜਾ ਹੈ, ਉਸ ਨੂੰ ਸਾਲ 2014-15 ਦੌਰਾਨ ਹਰ ਹਾਲਤ ਵਿੱਚ ਵਸੂਲਣਾ ਯਕੀਨੀ ਬਣਾਇਆ ਜਾਵੇ।

ਸ਼ਰਤਾਂ:-

1. ਸਾਲ 2014-15 ਲਈ ਮਿਥਿਆ ਗਿਆ ਆਮਦਨ ਦਾ ਟੀਚਾ ਪੂਰਾ ਕਰਨ ਲਈ ਕਾਰਜ ਸਾਧਕ ਅਫਸਰ ਦੀ ਜੁੰਮੇਵਾਰੀ ਹੋਵੇਗੀ
2. ਨਗਰ ਕੌਂਸਲ ਅੰਦਰ ਪੈਂਦੀਆਂ ਸਾਰੀਆਂ ਇਮਾਰਤਾਂ ਦਾ ਹਾਊਸ ਟੈਕਸ ਅਤੇ ਹੋਰ ਤਰ੍ਹਾਂ ਦੀ ਉਗਰਾਹੀ ਲਈ ਸਰਵੇ ਤਿੰਨ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਕਰਵਾਇਆ ਜਾਵੇ ਅਤੇ ਏਰੀਅਰ ਦੀ 100% ਰਿਕਵਰੀ ਯਕੀਨੀ ਬਣਾਈ ਜਾਵੇ ।
3. ਅਮਲੇ ਦੇ ਖਰਚੇ ਅਤੇ ਦਫਤਰੀ ਖਰਚੇ ਨੂੰ ਹੋਰ ਘੱਟ ਕਰਨ ਸਬੰਧੀ ਉਪਰਾਲੇ ਕੀਤੇ ਜਾਣ ।
4. ਕਿਸੇ ਵੀ ਖਰਚੇ ਦੀ ਮੱਦ ਅਧੀਨ ਪ੍ਰਵਾਨ ਕੀਤੇ ਖਰਚੇ ਤੋਂ ਵੱਧ ਖਰਚਾ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਲਏ ਬਗੈਰ ਨਾ ਕੀਤਾ ਜਾਵੇ ਅਤੇ ਨਾ ਹੀ ਅਗਾਊਂ ਪ੍ਰਵਾਨਗੀ ਆਉਣ ਦੀ ਆਸ ਵਿੱਚ ਕੀਤਾ ਜਾਵੇ ।
5. ਕੋਈ ਨਵੀਂ ਅਸਾਮੀ/ਖਾਲੀ ਅਸਾਮੀ ਸਥਾਨਕ ਸਰਕਾਰ ਵਿਭਾਗ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਨਾ ਭਰੀ ਜਾਵੇ ।
6. ਇਸ ਵਿਭਾਗ ਦੀ ਪ੍ਰਵਾਨਗੀ ਤੋਂ ਬਗੈਰ ਕਿਸੇ ਅਸਾਮੀ ਦੀ ਤਬਦੀਲੀ ਨਾ ਕੀਤੀ ਜਾਵੇ ਅਤੇ ਕਰਮਚਾਰੀ ਦਾ ਕਾਡਰ ਵੀ ਤਬਦੀਲ ਨਾ ਕੀਤਾ ਜਾਵੇ ।
7. ਕੋਈ ਵੀ ਵਹੀਕਲ ਇਸ ਦਫਤਰ ਦੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਖਰੀਦ ਨਾ ਕੀਤਾ ਜਾਵੇ ।
8. ਡੇਲੀਵੇਜਿਜ ਜਾਂ ਕੰਟਰੈਕਟ ਦੇ ਅਧਾਰ ਤੇ ਇਸ ਦਫਤਰ ਦੀ ਵਿਸੇਸ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਕੋਈ ਵੀ ਨਿਯੁਕਤੀ ਨਾ ਕੀਤੀ ਜਾਵੇ ।
9. ਕੰਟਰੈਕਟ/ਠੇਕੇ ਤੇ ਭਰਤੀ ਕਰਨ ਦੀ ਬਜਾਏ ਜਿੱਥੋਂ ਤੱਕ ਸੰਭਵ ਹੋਵੇ ਕਿਸੇ ਬਾਹਰੀ ਸੰਸਥਾ ਤੋਂ ਲੋੜੀਂਦੇ ਸਟਾਫ ਦੀਆਂ ਸੇਵਾਵਾਂ ਪ੍ਰਾਪਤ ਕੀਤੀਆਂ ਜਾਣ ਤਾਂ ਜੋ ਸਥਾਨਕ ਸੰਸਥਾ ਨੂੰ ਭਵਿੱਖ ਵਿੱਚ ਕਿਸੇ ਕਿਸਮ ਦੀ ਕਾਨੂੰਨੀ ਅੜਚਨ ਨਾ ਆਵੇ ।
10. ਚੰਡੀਗੜ੍ਹ ਵਿਖੇ ਉਸਾਰੇ ਜਾਣ ਵਾਲੇ ਮਿਊਂਸਪਲ ਭਵਨ ਲਈ ਨਗਰ ਕੌਂਸਲ ਦੀ ਕੁਲ ਆਮਦਨ ਦਾ 1% ਦੀ ਰਾਸੀ ਦਾ ਉਪਬੰਧ ਕੀਤਾ ਜਾਂਦਾ ਹੈ ।
11. <u>ਵਿਕਾਸ</u> : ਵਰਕਸ ਦਾ ਖਰਚਾ ਸਪਲਿਟ ਕਰਨ ਤੇ ਪਾਬੰਦੀ ਹੈ । ਹਰ ਹਾਲਤ ਵਿੱਚ ਜੋ ਪੈਸੇ ਸਰਕਾਰ ਵੱਲੋਂ ਦਿੱਤੇ ਜਾਂਦੇ ਹਨ, ਉਸ ਨਾਲ ਕੰਮ ਵੀ ਸਮੇਂ ਸੀਮਾਂ ਅਤੇ ਮਿਥੇ ਤਖਮੀਨੇ ਵਿੱਚ ਮੁਕੰਮਲ ਕੀਤਾ ਜਾਵੇ । ਗਰਾਂਟ ਦਾ ਖਰਚਾ ਸਕੀਮ ਵਿੱਚ ਦਰਜ ਹਦਾਇਤਾਂ ਅਨੁਸਾਰ ਕੀਤਾ ਜਾਵੇ ਅਤੇ ਵਰਤੋਂ ਸਰਟੀਫਿਕੇਟ ਮੁੱਖ ਦਫਤਰ ਵਿਖੇ ਸਬੰਧਤ ਸਾਖਾ ਨੂੰ ਸਮੇਂ-ਸਿਰ ਪੁੱਜਦਾ ਕੀਤਾ ਜਾਵੇ । ਕੌਂਸਲ ਵੱਲੋਂ ਹਰ ਸਾਲ ਅਪਣੀ ਪ੍ਰਬੰਧਕੀ ਰਿਪੋਰਟ ਤਿਆਰ ਕਰਕੇ ਸਮੇਂ ਸਿਰ ਸਰਕਾਰ ਨੂੰ ਭੇਜੀ ਜਾਵੇ । ਵਰਕਚਾਰਜ ਅਮਲੇ ਤੇ ਹੋਣ ਵਾਲਾ ਖਰਚਾ ਵਿਕਾਸ ਦੀ ਮੱਦ ਹੇਠ ਨਾ ਕੀਤਾ ਜਾਵੇ ਉਸ ਨੂੰ ਅਮਲੇ ਦੀ ਮੱਦ ਵਿੱਚ ਕੀਤਾ ਜਾਵੇ ।
12. ਫਾਇਰ ਬ੍ਰਿਗੇਡ ਲਈ ਲੋੜੀਂਦੇ ਡਰਾਈਵਰ ਪਾਸਕੋ ਤੋਂ ਜਾਂ ਕਿਸੇ ਬਾਹਰੀ ਸੰਸਥਾ ਤੋਂ ਲਏ ਜਾਣ ।
13. ਸਾਲ 2014-15 ਦੌਰਾਨ ਵਿਕਾਸ ਦੇ ਕੰਮਾਂ ਦੀ ਜੋ ਸੂਚੀ ਬਜਟ ਅਨੁਮਾਨ ਨਾਲ ਭੇਜੀ ਹੈ ਉਸ ਦੇ ਅਨੁਸਾਰ ਹੀ ਵਿਕਾਸ ਦੇ ਕੰਮ ਕਰਵਾਏ ਜਾਣ ਨੂੰ ਯਕੀਨੀ ਬਣਾਇਆ ਜਾਵੇ ।
14. ਕਰਮਚਾਰੀਆਂ ਨੂੰ ਮਿਲਣ ਵਾਲੇ ਰਿਟਾਇਰਲ ਡਿਊਜ, ਜੀ.ਪੀ.ਫੰਡ ਦੀ ਅਦਾਇਗੀ, ਪੈਨਸਨ ਫੰਡ ਦੀ ਅਦਾਇਗੀ, ਹੁਡਕੋ ਅਤੇ ਐਲ.ਆਈ.ਸੀ.ਦੇ ਕਰਜਿਆਂ ਦੀ ਅਦਾਇਗੀ ਨੂੰ ਫਸਟ ਚਾਰਜ ਰੱਖਦੇ ਹੋਏ ਪਹਿਲ ਦੇ ਅਧਾਰ ਤੇ ਅਦਾਇਗੀ ਕੀਤੀ ਜਾਵੇ ।
15. ਕਰਮਚਾਰੀਆਂ ਨੂੰ ਕਰਜੇ ਦੇਣ ਦੇ ਸਬੰਧ ਵਿੱਚ ਰਾਜ ਸਰਕਾਰ ਦੁਆਰਾ ਆਪਣੇ ਕਰਮਚਾਰੀਆਂ ਲਈ ਜਾਰੀ ਕੀਤੇ ਦਿਸਾ-ਨਿਰਦੇਸਾਂ ਦੀ ਪਾਲਣਾ ਕੀਤੀ ਜਾਵੇ ।
16. ਸਹਿਰੀ ਗਰੀਬਾਂ ਨੂੰ ਮੁਢਲੀ ਸਹੂਲਤਾਂ ਦੇਣ ਸਬੰਧੀ ਉਪਰਾਲੇ ਕੀਤੇ ਜਾਣ ।
17. ਸਾਲ 2014-15 ਦੇ ਪ੍ਰਵਾਨ ਕੀਤੇ ਬਜਟ/ਆਮਦਨ ਦਾ 1% ਨਗਰ ਕੌਂਸਲ ਦੇ ਵਿਕਾਸ ਦੇ ਫੰਡ ਵਿੱਚੋਂ ਸਹਿਰ ਦੀ ਹਰਿਆਵਲੀ/ਗਰੀਨਰੀ ਲਈ ਵਰਤਿਆ ਜਾਵੇ ।
18. ਸਥਾਨਕ ਸੰਸਥਾ ਦੇ ਦਫਤਰ ਵਿੱਚ ਕੰਪਿਊਟਰਾਈਜੇਸਨ ਕਰਨ ਲਈ ਬਜਟ ਦੇ ਫੰਡਾਂ ਵਿੱਚੋਂ ਆਪ ਦੇ ਅਧਿਕਾਰੀਆਂ / ਕਰਮਚਾਰੀਆਂ ਨੂੰ ਕੰਪਿਊਟਰ ਟਰੇਨਿੰਗ ਆਪਣੇ ਪੱਧਰ ਤੇ ਕਰਵਾਈ ਜਾਵੇ ਅਤੇ ਸਾਰੀਆਂ ਬਰਾਂਚਾਂ ਦੀ ਨੈਟ-ਵਰਕਿੰਗ ਕਰਕੇ ਕੰਪਿਊਟਰਾਈਜੇਸਨ ਹਰ ਹਾਲਤ ਵਿੱਚ ਕੀਤੀ ਜਾਵੇ ।
19. ਕਿਸੇ ਵੀ ਸਥਾਨਕ ਸੰਸਥਾ ਦੇ ਸਬੰਧ ਵਿੱਚ ਆਡਿਟ ਵੱਲੋਂ ਜੋ ਇਤਰਾਜ ਲਗਾਏ ਜਾਂਦੇ ਹਨ ਉਨ੍ਹਾਂ ਦਾ ਉੱਤਰ ਆਡਿਟ ਨੋਟ ਵਿੱਚ ਦਰਸਾਏ ਅਨੁਸਾਰ ਸਮੇਂ ਸਿਰ ਸਾਰੇ ਪੈਰ੍ਹੇ ਨਾਲ-ਨਾਲ ਸੈਟਲ ਕਰਵਾਏ ਜਾਣ ।

ਉਪ-ਕੰਟਰੋਲਰ (ਵਿੱਤ ਤੇ ਲੇਖਾ)

ਮਿਤੀ:

ਪਿੱਠ ਅੰਕਣ ਨੰ: ਲੇਖਾ-6-ਉਕਵਲ-ਡਸਸ-14/

ਇਸ ਦਾ ਇੱਕ ਉਤਾਰਾ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਪਟਿਆਲਾ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਉਪ-ਕੰਟਰੋਲਰ (ਵਿੱਤ ਤੇ ਲੇਖਾ)